**ਦਫ਼ਤਰ ਡਾਇਰੈਕਟਰ ਰਾਜ ਸਿੱਖਿਆ ਖੋਜ਼ ਅਤੇ ਸਿਖਲਾਈ ਪ੍ਰੀਸ਼ਦ,ਪੰਜਾਬ**
**ਬਲਾਕ-ਈ, ਛੇਵੀ ਮੰਜਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ:,ਫੇਜ਼-8 ਐਸ.ਏ.ਐਸ ਨਗਰ**
**ਫੋਨ ਨੰਬਰ: 0172-2212221**

ਵੱਲ

ਸਮੂਹ ਜ਼ਿਲਾ ਸਿੱਖਿਆ ਅਫ਼ਸਰ (ਸੈ.ਸਿ.)
ਸਮੂਹ ਸਕੂਲ ਮੁਖੀ (ਸਰਕਾਰੀ ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲ)
ਪੰਜਾਬ।

ਮੀਮੋ ਨੰ:SCERT/SCI/2022108209 ਮਿਤੀ: 06-05-2022

**ਵਿਸ਼ਾ:- ਸਰਕਾਰੀ ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਮਿਤੀ 12.05.2022 ਅਤੇ 13.05.2022 ਨੂੰ ਮਾਪੇ-ਅਧਿਆਪਕ ਮਿਲਣੀ ਕਰਵਾਉਣ ਸਬੰਧੀ।**

**1.0** ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

**2.0** ਪੰਜਾਬ ਦੇ ਸਮੂਹ ਸਰਕਾਰੀ ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਨਾਨ-ਬੋਰਡ ਜਮਾਤਾਂ ਲਈ ਮਿਤੀ 12.05.2022 ਅਤੇ 13.05.2022 ਨੂੰ ਮਾਪੇ-ਅਧਿਆਪਕ ਮਿਲਣੀ ਕਰਵਾਈ ਜਾ ਰਹੀ ਹੈ। ਇਸ ਮਾਪੇ-ਅਧਿਆਪਕ ਮਿਲਣੀ ਵਿੱਚ ਹੇਠ ਲਿਖੇ ਏਜੰਡੇ ਅਨੁਸਾਰ ਮਾਪਿਆਂ ਨਾਲ ਵਿਚਾਰ ਵਿਟਾਂਦਰਾ ਕੀਤਾ ਜਾਵੇ:-

2.1 ਮਾਪਿਆਂ ਨੂੰ ਇਸ ਬਾਰੇ ਜਾਗਰੂਕ ਕਰੋ ਕਿ ਉਹ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਬੱਚਿਆਂ ਦੀ ਕਿਵੇਂ ਮਦਦ ਕਰ ਸਕਦੇ ਹਨ।

2.2 ਬੱਚਿਆਂ ਨੂੰ ਛੁੱਟੀਆਂ ਦੌਰਾਨ ਮਿਤੀ 16-05-2022 ਤੋਂ 31-05-2022 ਤੱਕ ਲਗਣ ਵਾਲੀਆਂ ਆਨਲਾਈਨ ਕਲਾਸਾਂ ਬਾਰੇ ਜਾਣਕਾਰੀ ਦੇਣਾ।

2.3 ਜੇਕਰ ਛੁੱਟੀਆਂ ਦੌਰਾਨ ਕਿਸੇ ਵੀ ਤਰ੍ਹਾਂ ਦੇ summer camp ਲਗਾਏ ਜਾ ਰਹੇ ਹਨ, ਤਾਂ summer camps ਬਾਰੇ ਮਾਪਿਆਂ ਨੂੰ ਜਾਣਕਾਰੀ ਦੇਣਾ।

2.4 ਸਕੂਲ ਦਾ ਸਟਾਫ ਚਰਚਾ ਕਰਨ ਲਈ ਕੋਈ ਹੋਰ ਏਜੰਡਾ ਜੋੜ੍ਹ ਸਕਦਾ ਹੈ।

**3.0** ਮਾਪੇ-ਅਧਿਆਪਕ ਮਿਲਣੀ ਨੂੰ ਸਫ਼ਲ ਬਣਾਉਣ ਲਈ ਹੇਠ ਲਿਖੀਆਂ ਗੱਲਾਂ ਨੂੰ ਧਿਆਨ ਵਿੱਚ ਰੱਖਿਆ ਜਾਵੇ:-

3.1 ਇਸ ਮਿਲਣੀ ਨੂੰ ਸਫ਼ਲ ਬਣਾਉਣ ਲਈ ਸਮੂਹ ਅਧਿਕਾਰੀ, ਸਕੂਲ ਮੁੱਖੀ,ਅਧਿਆਪਕ, ਮੀਡੀਆ ਟੀਮ ਅਤੇ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਟੀਮ ਮੈਂਬਰ ਅਨਾਊਂਸਮੈਂਟ ਕਰਵਾਕੇ,

ਪੋਸਟਰ ਜਾਰੀ ਕਰਕੇ, ਫ਼ੋਨ ਕਰਕੇ ਅਤੇ ਆਡੀਓ/ਲਿਖਤ ਮੈਸੇਜ ਕਰਕੇ ਸਾਰੇ ਮਾਪਿਆਂ ਅਤੇ ਕਮਿਊਨਿਟੀ ਮੈਂਬਰਾਂ ਨੂੰ ਅਗੇਤ ਵਿੱਚ ਜਾਣੂ ਕਰਵਾਉਣਗੇ।

3.2 ਮਿਲਣੀ ਤੋਂ ਪਹਿਲਾਂ ਸਕੂਲ ਮੁਖੀਆਂ ਵੱਲੋਂ ਸਟਾਫ਼ ਨਾਲ ਮੀਟਿੰਗ ਕੀਤੀ ਜਾਵੇ ਅਤੇ ਮਿਲਣੀ ਸਬੰਧੀ ਅਹਿਮ ਮੁੱਦਿਆਂ 'ਤੇ ਗੱਲਬਾਤ ਕੀਤੀ ਜਾਵੇ ਜਿਵੇਂ ਕਿ:-

- ਵੱਧ ਵੱਧ ਤੋਂ ਮਾਪਿਆਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣਾ।
- ਮਾਪੇ-ਅਧਿਆਪਕ ਮਿਲਣੀ ਨੂੰ ਯੋਜਨਾਬੱਧ ਤਰੀਕੇ ਨਾਲ ਨੇਪਰੇ ਚਾੜ੍ਹਣ ਲਈ ਜਮਾਤ ਵਾਈਜ ਸਮਾਂ-ਸਾਰਣੀ ਬਣਾਉਣਾ।
- ਮਾਪਿਆ ਅਤੇ ਹੋਰ ਕਮਿਊਨਿਟੀ ਮੈਂਬਰਾਂ ਦੇ ਬੈਠਣ ਦਾ ਢੁੱਕਵਾਂ ਇੰਤਜਾਮ ਕੀਤਾ ਜਾਵੇ।

**4.0** ਮੀਡੀਆ ਟੀਮ ਵੱਲੋਂ ਮਾਪੇ-ਅਧਿਆਪਕ ਮਿਲਣੀ ਦੀ ਵੀਡਿਓਜ਼/ਫੋਟੋਆਂ ਸੋਸ਼ਲ ਮੀਡਿਆ ਰਾਹੀਂ ਆਮ ਲੋਕਾਂ ਨਾਲ ਸਾਂਝੀਆਂ ਕੀਤੀਆਂ ਜਾਣ।

**5.0** ਸਕੂਲ ਮੁੱਖੀ ਇਸ ਮਾਪੇ ਅਧਿਆਪਕ ਮਿਲਣੀ ਵਿੱਚ ਆਪ ਵੀ ਭਾਗ ਲੈਂਦੇ ਹੋਏ, ਅਧਿਆਪਕਾਂ ਦਾ ਸਹਿਯੋਗ ਕਰਨਗੇ ਅਤੇ ਇਹਨਾਂ ਮਿਲਣੀਆਂ ਸਬੰਧੀ ਇਕੱਤਰ ਡਾਟੇ ਨੂੰ ਗੂਗਲ ਫਾਰਮ ਰਾਹੀਂ ਨਿਰਧਾਰਿਤ ਪ੍ਰੋਫਾਰਮੇ ਵਿੱਚ ਭਰਨ ਦਾ ਕੰਮ ਕਰਨਗੇ।

**6.0** ਪੜ੍ਹੋ ਪੰਜਾਬ ਪੜ੍ਹਾਓ ਪੰਜਾਬ ਟੀਮ ਦੇ ਮੈਂਬਰ ਪੀ.ਟੀ.ਐਮ. ਵਿੱਚ ਹਿੱਸਾ ਲੈਣ, ਤਾਂ ਜੋ ਉਹਨਾਂ ਨੂੰ ਪੀ.ਟੀ.ਐਮ. ਦੌਰਾਨ ਮਾਪਿਆਂ ਅਤੇ ਅਧਿਆਪਕਾਂ ਵਿਚਕਾਰ ਹੋਏ ਵਿਚਾਰ-ਵਟਾਂਦਰੇ ਬਾਰੇ ਜਾਣਕਾਰੀ ਹੋਵੇ।

**7.0** ਮਾਪਿਆਂ ਤੋਂ ਸੁਝਾਅ ਬਾਕਸ ਵਿੱਚ ਸੁਝਾਅ ਲਏ ਜਾਣ ਕਿ ਉਹ ਕੀ ਸੋਚਦੇ ਹਨ ਕਿ ਗਰਮੀਆਂ ਦੀਆਂ ਛੁੱਟੀਆਂ ਤੋਂ ਬਾਅਦ ਸਕੂਲ ਵਿੱਚ ਕੀ ਸੁਧਾਰ ਕੀਤਾ ਜਾਣਾ ਚਾਹੀਦਾ ਹੈ।

— ਸਹੀ —

**ਮਨਿੰਦਰ ਸਿੰਘ ਸਰਕਾਰੀਆ,ਡਾਇਰੈਕਟਰ**

**ਰਾਜ ਸਿੱਖਿਆ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ।**

ਪਿੱਠ ਅੰਕਣ ਨੰ: ਮਿਤੀ: 06-05-2022

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਪੀ.ਏ. ਟੂ ਮਾਨਯੋਗ ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਪੀ.ਏ. ਟੂ ਮਾਨਯੋਗ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਡੀ.ਪੀ.ਆਈ. (ਸੈ. ਸਿੱ.), ਪੰਜਾਬ।
4. ਡੀ.ਪੀ.ਆਈ. (ਐਲੀ. ਸਿੱ.), ਪੰਜਾਬ।

**ਰਾਜੇਸ਼ ਭਰਦਵਾਜ, ਸਹਾਇਕ ਡਾਇਰੈਕਟਰ**

**ਰਾਜ ਸਿੱਖਿਆ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ।**